**THE PUNJAB STATE BOARD OF TECHNICAL EDUCATION AND INDUSTRIAL TRAINING**

PLOT NO. 1-A, SEC. 36-A, CHANDIGARH PH. : 615385, 622584-85 FAX : 660734

ਪੀਐਸਬੀਟੀਆਈਟੀ/17/ 3163 ਮਿਤੀ: 12·12·17

ਵੱਲ,

ਪ੍ਰਿੰਸੀਪਲ ਕਮ ਸਹਾਇਕ ਸਿਖਿਆਰਥੀਪਣ ਸਲਾਹਕਾਰ,
ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ (ਅਪ੍ਰੈਂਟਿਸਸ਼ਿਪ ਸਕੀਮ ਅਧੀਨ),
ਪੰਜਾਬ ਰਾਜ ਅਧੀਨ।

ਵਿਸ਼ਾ: 105ਵੀਂ ਅਪ੍ਰੈਂਟਿਸਸ਼ਿਪ ਪ੍ਰੀਖਿਆ ਵਿੱਚ ਪਾਸ ਹੋਏ ਸਿਖਿਆਰਥੀਆਂ ਨੂੰ ਡੀ.ਐਮ.ਸੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਦੱਸਿਆ ਜਾਂਦਾ ਹੈ ਕਿ ਅਪ੍ਰੈਂਟਿਸਸ਼ਿਪ ਸਕੀਮ ਅਧੀਨ 105ਵੀਂ ਅਪ੍ਰੈਂਟਿਸਸ਼ਿਪ ਪ੍ਰੀਖਿਆ ਵਿੱਚ ਪਾਸ ਹੋਏ ਸਿਖਿਆਰਥੀਆਂ ਦੁਆਰਾ ਸਰਟੀਫਿਕੇਟ ਜਾਰੀ ਕਰਨ ਹਿਤ ਵਾਰ ਵਾਰ ਬੇਨਤੀ ਕੀਤੀ ਜਾ ਰਹੀ ਹੈ ਕਿਉਂ ਜੋ ਸਿਖਿਆਰਥੀਆਂ ਦੁਆਰਾ ਪੀ.ਐਸ.ਪੀ.ਸੀ.ਐਲ ਦੀਆਂ ਪੋਸਟਾਂ ਲਈ ਅਪਲਾਈ ਕੀਤਾ ਜਾਣਾ ਹੈ ਜਿਸ ਦੀ ਆਖਿਰੀ ਮਿਤੀ 19-12-2017 ਹੈ। ਸਿਖਿਆਰਥੀਆਂ ਦੇ ਹਿਤਾਂ ਅਤੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਮਿਤੀ 13-12-2017 ਨੂੰ ਆਪ ਜੀ ਦੁਆਰਾ ਆਪਣੀ ਸੰਸਥਾ ਦੇ ਅਪ੍ਰੈਂਟਿਸਸ਼ਿਪ ਨੂੰ ਡੀਲ ਕਰ ਰਹੇ ਯੋਗ ਨੁਮਾਇੰਦੇ ਨੂੰ 105 ਵੀਂ ਅਪ੍ਰੈਂਟਿਸਸ਼ਿਪ ਪ੍ਰੀਖਿਆ ਵਿੱਚ ਪਾਸ ਹੋਏ ਸਿਖਿਆਰਥੀਆਂ ਦੀ ਲਿਸਟ ਸਮੇਤ ਬੋਰਡ ਦਫਤਰ ਵਿਖੇ ਭੇਜਿਆ ਜਾਵੇ ਤਾਂ ਜੋ ਸਿਖਿਆਰਥੀਆਂ ਨੂੰ ਲੋੜੀਂਦੇ ਸਰਟੀਫਿਕੇਟ ਜਾਰੀ ਕੀਤੇ ਜਾ ਸਕਣ।

ਇਸ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ ਅਤੇ ਇਸ ਸਬੰਧੀ ਕਾਰਵਾਈ ਪਹਿਲ ਦੇ ਆਧਾਰ ਤੇ ਕੀਤੀ ਜਾਵੇ। ਜੇਕਰ ਕਿਸੇ ਸੰਸਥਾ ਦੁਆਰਾ ਸਿਖਿਆਰਥੀਆਂ ਦੇ ਸਰਟੀਫਿਕੇਟ ਬੋਰਡ ਦਫਤਰ ਤੋਂ ਪ੍ਰਾਪਤ ਨਹੀਂ ਕੀਤੇ ਜਾਂਦੇ ਅਤੇ ਸਿਖਿਆਰਥੀਆਂ ਨੂੰ ਇਸ ਸਬੰਧੀ ਕੋਈ ਔਕੜ ਆਉਂਦੀ ਹੈ ਤਾਂ ਇਸ ਦੀ ਸਮੁੱਚੀ ਜ਼ਿੰਮੇਵਾਰੀ ਸਬੰਧਤ ਸੰਸਥਾ ਹੋਵੇਗੀ।

12.12.17

ਕੰਟਰੋਲਰ ਪ੍ਰੀਖਿਆਵਾਂ (ਆਈ.ਟੀ.ਆਈ)

ਵਾਸਤੇ ਸਕੱਤਰ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਰਿਕਾਰਡ ਹਿਤ ਭੇਜਿਆ ਜਾਂਦਾ ਹੈ:

1. ਪੀ.ਏ/ਸਕੱਤਰ ਸਾਹਿਬ
2. ਸਿਸਟਮ ਐਡਮਿਨਸਟਰੇਟਰ
3. ਐਡਮਿਨ ਅਫਸਰ

ਕੰਟਰੋਲਰ ਪ੍ਰੀਖਿਆਵਾਂ (ਆਈ.ਟੀ.ਆਈ)

ਵਾਸਤੇ ਸਕੱਤਰ